# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 22 ਫਰਵਰੀ 2026 ਦਿਨ ਐਤਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪਿੰਡ ਰਾਏਸਰ ਵਿਖੇ ਰੋਸ਼ਨੀ ਮੇਲਾ ਤੇ ਭੰਡਾਰਾ 24 ਫਰਵਰੀ ਨੂੰ

ਵਰਲਡ ਪੰਜਾਬੀ ਟਾਈਮਜ਼ ਜਗਮੋਹਨ ਸ਼ਾਹ ਰਾਇਸਰ



ਮਹਿਲ ਕਲਾਂ,22 ਫਰਵਰੀ : ਪਿੰਡ ਰਾਏਸਰ ਵਿਖੇ ਪੀਰ ਬਾਬਾ ਢੇਰਾਂ ਵਾਲਾ ਦੀ ਦਰਗਾਹ ਤੇ ਸਮੂਹ ਨਗਰ ਨਿਵਾਸੀਆਂ,ਗ੍ਰਾਮ ਪੰਚਾਇਤਾਂ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਸਲਾਨਾ ਰੋਸ਼ਨੀ ਮੇਲਾ ਤੇ ਭੰਡਾਰਾ 24 ਫਰਵਰੀ ਦਿਨ ਮੰਗਲਵਾਰ ਨੂੰ ਸ਼ਰਧਾ ਭਾਵਨਾ ਅਤੇ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ| ਅੱਜ ਹਲਕਾ ਵਿਧਾਇਕ ਸ੍ਰ ਕੁਲਵੰਤ ਸਿੰਘ ਪੰਡੋਰੀ ਨੂੰ ਸੱਦਾ ਪੱਤਰ ਦੇਣ ਮੌਕੇ ਇਸ ਮੇਲੇ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰੰਬਧਕ ਕਮੇਟੀ ਦੇ ਆਗੂ ਪ੍ਰਧਾਨ ਮੋਹਰ ਸ਼ਾਹ,ਦਿਲਾਬਰ ਸ਼ਾਹ ਪੰਚ ਅਤੇ ਜਗਮੋਹਣ ਸ਼ਾਹ ਰਾਏਸਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 24 ਫਰਵਰੀ ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਦਰਗਾਹ ਤੇ ਚਾਦਰ ਚੜ੍ਹਾਉਣ ਦੀ ਰਸਮ ਹੋਵੇਗੀ |ਇਸ ਉਪਰੰਤ ਪੰਜਾਬ ਦੇ ਮਸ਼ਹੂਰ ਕੱਵਾਲ ਮੁਹੰਮਦ ਅਨੀਸ਼ ਐਂਡ ਪਾਰਟੀ ਮੁਬਾਰਕ ਪੁਰ ਚੂੰਘਾਂ ਵਾਲੇ ਆਪਣਾ ਪ੍ਰੋਗਰਾਮ ਪੇਸ਼ ਕਰਨਗੇ |ਇਸ ਮੇਲੇ ਵਿੱਚ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੀਆਂ| ਇਸ ਮੌਕੇ ਸਵਰਾਜ ਮੁਹੰਮਦ ਕਾਕਾ, ਪੱਪੂ ਸੇਠ, ਅਰੁਣ ਕੁਮਾਰ, ਗੁਰਪ੍ਰੀਤ ਸਿੰਘ ਅਣਖੀ,ਭਾਈ ਜਗਸੀਰ ਸਿੰਘ ਖਾਲਸਾ,ਪੀ ਏ ਬਿੰਦਰ ਸਿੰਘ ਖਾਲਸਾ,ਆਦਿ ਹਾਜ਼ਰ ਸਨ

## ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ ਅਤੇ ਭਰਾਤਰੀ ਜਥੇਬੰਦੀਆਂ ਵੱਲੋਂ ਲੋਕ ਮਾਰੂ ਨੀਤੀਆਂ ਦਾ ਵਿਰੋਧ

ਵਰਲਡ ਪੰਜਾਬੀ ਟਾਈਮਜ਼ ਟਿੱਕੂ ਕੁਮਾਰ




ਕੋਟਕਪੂਰਾ, 22 ਫਰਵਰੀ : ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਮੁਤਾਬਕ ਕੇਂਦਰ ਵਿੱਚ ਮੋਦੀ ਸਰਕਾਰ ਦੇ ਲੀਡਰਾਂ ਦੇ ਘਰਾਂ ਅੱਗੇ ਅਤੇ ਪੰਜਾਬ ਸਰਕਾਰ ਦੇ ਮੰਤਰੀਆਂ ਦੇ ਘਰਾਂ ਅੱਗੇ ਰੋਸ ਪ੍ਰਦਰਸ਼ਨ ਕਰਨ ਦੇ ਪ੍ਰੋਗਰਾਮ ਉਲੀਕੇ ਗਏ ਸਨ, ਜਿਸ ਦੀ ਲੜੀ ਤਹਿਤ ਅੱਜ ਕੋਟਕਪੂਰਾ ਦੇ ਪਿੰਡ ਸੰਧਵਾਂ ਵਿਖੇ ਸ੍ਰ ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ ਦੇ ਘਰ ਮੂਹਰੇ ਜ਼ਿਲ੍ਹਾ ਫਰੀਦਕੋਟ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ ਅਤੇ ਭਰਾਤਰੀ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਖਿਲਾਫ ਡੱਟ ਕੇ ਲੋਕ ਮਾਰੂ ਨੀਤੀਆਂ ਦਾ ਵਿਰੋਧ ਕੀਤਾ ਗਿਆ ਜਿਸ ਵਿੱਚ ਮੁੱਖ ਤੌਰ ਤੇ ਬਿਜਲੀ ਸੋਧ ਬਿੱਲ 2025, ਬੀਜ ਸੋਧ ਬਿਲ 2025, ਚਾਰ ਲੇਬਰ ਕੋਟ ਰੱਦ ਕਰਨਾ, ਜੀ ਰਾਮ ਜੀ ਦੇ ਨਵੇਂ ਲਿਆਂਦੇ ਕਾਨੂੰਨ ਨੂੰ ਰੱਦ ਕਰਨ, ਮੁਕੰਮਲ ਕਰਜਾ ਮੁਕਤੀ, ਅਮਰੀਕਾ ਨਾਲ ਕੀਤਾ ਕਰ ਮੁਕਤ ਸਮਝੌਤਾ ਰੱਦ ਕਰਨਾ, ਪੁਰਾਣੀ ਪੈਨਸ਼ਨ ਬਹਾਲ ਕਰਨ, ਠੇਕਾ ਪ੍ਰਣਾਲੀ ਖਤਮ ਕਰਨ ਆਦਿ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਵੱਖ-ਵੱਖ ਬੁਲਾਰਿਆਂ ਵੱਲੋਂ ਮੰਗ ਕੀਤੀ ਗਈ ਕਿ ਜੋ ਕੇਂਦਰ ਦੀ ਸਰਕਾਰ ਕਿਸਾਨ ਮਜ਼ਦੂਰ ਵਿਰੋਧੀ ਫੈਸਲੇ ਲਿਆ ਰਹੀ ਹੈ ਪੰਜਾਬ ਸਰਕਾਰ ਕੇਂਦਰ ਦੇ ਲੋਕ ਮਾਰੂ ਕਾਨੂੰਨਾਂ ਦਾ ਵਿਰੋਧ ਕਰਨ ਦੀ ਬਜਾਏ ਪੰਜਾਬ ਦੇ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਵੇਚ ਰਹੀ ਹੈ ਸਰਕਾਰੀ ਥਰਮਲ ਪ੍ਰਾਈਵੇਟ ਸੈਕਟਰ ਵਿੱਚ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਖ਼ਿਲਾਫ਼ ਪੰਜਾਬ ਦੇ ਬਿਜਲੀ ਮੁਲਾਜ਼ਮਾਂ ਵੱਲੋਂ ਪਾਵਰ ਸੈਕਟਰ ਜੁਆਇੰਟ ਐਕਸ਼ਨ ਕਮੇਟੀ ਦੇ ਬੈਨਰ ਹੇਠ ਦਰਜਾ ਚਾਰ ਕਰਮਚਾਰੀਆਂ ਤੋਂ ਲੈਕੇ ਚੀਫ ਇੰਜੀਨੀਅਰ ਤੱਕ ਦੇ ਅਧਿਕਾਰੀਆਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਇਸ ਧਰਨੇ ਨੂੰ ਵੱਖ-ਵੱਖ ਬੁਲਾਰਿਆਂ ਜਿਵੇਂ ਕਿ ਮਾਸਟਰ ਮੱਖਣ ਸਿੰਘ, ਜਤਿੰਦਰ ਸਿੰਘ, ਵੀਰਇੰਦਰਜੀਤ ਸਿੰਘ ਪੁਰੀ, ਯਾਦਵਿੰਦਰ ਸਿੰਘ, ਰਾਜਿੰਦਰ ਸਿੰਘ ਦੀਪ ਸਿੰਘ ਵਾਲਾ, ਹਰਦੇਵ ਸਿੰਘ ਘਣੀਏ ਵਾਲਾ, ਸ਼ਮਸ਼ੇਰ ਸਿੰਘ ਜਲਾਲੇਆਣਾ, ਨੱਥਾ ਸਿੰਘ ਰੋੜੀ ਕਪੂਰਾ, ਸਿਮਰਜੀਤ ਸਿੰਘ ਬਰਾੜ ਘੁਦੂ ਵਾਲਾ, ਗੁਰਮੀਤ ਸਿੰਘ ਵੀਰੇਵਾਲਾ, ਬਲਵਿੰਦਰ ਸਿੰਘ ਧੂਰਕੋਟ, ਸਾਰੇ ਕਿਸਾਨ ਆਗੂ, ਹਰਪ੍ਰੀਤ ਸਿੰਘ ਸਰਾਂ,ਸਿਮਰਜੀਤ ਸਿੰਘ ਬਰਾੜ, ਸੁਖਚੈਨ ਸਿੰਘ , ਗੁਰਤੇਜ ਸਿੰਘ ਹਰੀ ਨੌਂ, ਅਮਨਦੀਪ ਸਿੰਘ, ਮਲਕੀਤ ਸਿੰਘ ਮਾਨ, ਗੁਰਸੇਵਕ ਸਿੰਘ, ਕੁਲਦੀਪ ਸ਼ਰਮਾ ਸਾਰੇ ਮੁਲਾਜ਼ਮ ਆਗੂ, ਸਤਨਾਮ ਸਿੰਘ ਪੱਖੀ, ਗੁਰਪਾਲ ਸਿੰਘ ਨੰਗਲ,ਬਲਵਿੰਦਰ ਸਿੰਘ ਢਿੱਲੋਂ ਸਾਰੇ ਮਜ਼ਦੂਰ ਆਗੂਆਂ ਨੇ ਵੀ ਸੰਬੋਧਨ ਕੀਤਾ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੁਲਿਸ ਤੇ ਜ਼ਿਲ੍ਹਾ ਪ੍ਰਸ਼ਾਸ਼ਨ ਦੀ ਫਰੀਦਕੋਟ ਅੰਦਰ ਵੱਡੀ ਕਾਰਵਾਈ

ਵਰਲਡ ਪੰਜਾਬੀ ਟਾਈਮਜ਼ ਟਿੱਕੂ ਕੁਮਾਰ

ਕੋਟਕਪੂਰਾ, 22 ਫਰਵਰੀ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਰੰਭ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਸਰਕਾਰ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ ਕਾਰਵਾਈ ਜਾਰੀ ਹੈ। ਇਸੇ ਲੜੀ ਤਹਿਤ ਅੱਜ ਫਰੀਦਕੋਟ ਦੇ ਪਿੰਡ ਬੁਰਜ ਜਵਾਹਰ ਸਿੰਘ ਵਾਲਾ ਵਿਖੇ ਪ੍ਰਸ਼ਾਸ਼ਨ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਬਣਾਈ ਗਈ ਉਸਾਰੀ ਨੂੰ ਢਾਇਆ ਗਿਆ। ਇਕਬਾਲ ਸਿੰਘ ਡੀ.ਐਸ.ਪੀ. ਜੈਤੋ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਥਾਣਾ ਬਾਜਾਖਾਨਾ ਦੇ ਅੰਦਰ ਆਉਦੇ ਪਿੰਡ ਜਵਾਹਰ ਸਿੰਘ ਵਾਲਾ ਦੇ ਵਸਨੀਕ ਬਲਜੀਤ ਸਿੰਘ ਪੁੱਤਰ ਮੰਦਰ ਸਿੰਘ ਵੱਲੋਂ ਨਜਾਇਜ ਉਸਾਰੀ ਕੀਤੀ ਗਈ ਸੀ। ਇਸ ਸਬੰਧੀ ਸਮਰੱਥ ਅਥਾਰਟੀ ਤੋਂ ਇਸ ਨੂੰ ਢਾਉਣ ਮੌਕੇ ਸੁਰੱਖਿਆ ਪ੍ਰਬੰਧ ਕਰਨ ਦੀਆਂ ਹਦਾਇਤਾਂ ਪ੍ਰਾਪਤ ਹੋਈਆਂ ਸਨ। ਜਿਸ ਤੋਂ ਬਾਅਦ ਸਿਵਲ ਪ੍ਰਸ਼ਾਸ਼ਨ ਵੱਲੋਂ ਕਾਰਵਾਈ ਕਰਦਿਆਂ ਇਸ ਨਜਾਇਜ ਉਸਾਰੀ ਨੂੰ ਢਾਹ ਦਿੱਤਾ ਗਿਆ। ਉਹਨਾ ਦੱਸਿਆ ਕਿ ਜਦੋ ਇਸ ਵਿਅਕਤੀ ਦੇ ਕ੍ਰਿਮੀਨਲ ਰਿਕਾਰਡ ਦੀ ਜਾਚ ਕੀਤੀ ਗਈ ਤਾਂ ਇਹ ਸਾਹਮਣੇ ਆਇਆ ਕਿ ਬਲਜੀਤ ਸਿੰਘ ਦੇ ਖਿਲਾਫ ਨਸ਼ੇ ਦੀ ਤਸਕਰੀ ਸਬੰਧੀ 3 ਮੁਕੱਦਮੇ ਦਰਜ ਰਜਿਸਟਰ ਹੈ, ਇਸ ਦੇ ਨਾਲ ਹੀ ਸੰਗਠਿਤ ਅਪਰਾਧ ਸਬੰਧੀ ਵੀ ਮਾਮਲਾ ਦਰਜ ਰਜਿਸਟਰ ਹੈ। ਇਸ ਮੌਕੇ ਬਤੌਰ ਡਿਊਟੀ ਮੈਜਿਸਟਰੇਟ, ਵਿਕਾਸ ਕੁਮਾਰ, ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਕੋਟਕਪੂਰਾ ਸਮੇਤ ਸਿਵਲ ਪ੍ਰਸ਼ਾਸ਼ਨ ਦੇ ਹੋਰ ਅਧਿਕਾਰੀ ਵੀ ਮੌਕੇ 'ਤੇ ਮੌਜੂਦ ਸਨ। ਇਸ ਮੌਕੇ ਮੌਜੂਦ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਕੋਟਕਪੂਰਾ ਵਿਕਾਸ ਕੁਮਾਰ ਨੇ ਦੱਸਿਆ ਕਿ ਇਹ ਉਸਾਰੀ ਬਲਜੀਤ ਸਿੰਘ ਵੱਲੋਂ ਨਜਾਇਜ ਤੌਰ 'ਤੇ ਕੀਤੀ ਗਈ ਸੀ, ਜਿਸ ਸਬੰਧੀ ਗਰਾਮ ਪੰਚਾਇਤ ਵੱਲੋਂ ਇਸ ਨਜਾਇਜ ਕਬਜੇ ਨੂੰ






ਦੂਰ ਕਰਨ ਸਬੰਧੀ ਮਤਾ ਪਾਸ ਕੀਤਾ ਗਿਆ ਸੀ, ਜਿਸ ਤੇ ਕਾਰਵਾਈ ਕਰਦੇ ਹੋਏ ਇਹਨਾ ਨੂੰ ਕਈ ਵਾਰ ਨੋਟਿਸ ਵੀ ਦਿੱਤੇ ਗਏ ਸਨ, ਪਰ ਕਬਜਾਕਾਰੀਆਂ ਵੱਲੋਂ ਇਸ ਜਗਾ ਨੂੰ ਖਾਲੀ ਨਾ ਕਰਨ ਕਰਕੇ ਇੱਥੇ ਬਲਡੋਜਰ ਕਾਰਵਾਈ ਕੀਤੀ ਗਈ ਹੈ। ਡੀ.ਐਸ.ਪੀ. (ਜੈਤੋ) ਸ਼੍ਰੀ ਇਕਬਾਲ ਸਿੰਘ ਵੱਲੋ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਜ਼ਿਲ੍ਹੇ ਵਿੱਚ ਵਿਆਪਕ ਪੱਧਰ ਤੇ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਉਹਨਾਂ ਨੇ ਕਿਹਾ ਕਿ ਜੋ ਕੋਈ ਵੀ ਨਸ਼ੇ ਵੇਚ ਕੇ ਜਾਇਦਾਦ ਬਣਾਏਗਾ ਉਸ ਨੂੰ ਸਮਰੱਥ ਅਥਾਰਟੀ ਪਾਸੋ ਕਾਨੂੰਨੀ ਪ੍ਰਕਿਰਿਆ ਮੁਤਾਬਿਕ ਮਨਜੂਰੀ ਹਾਸਿਲ ਉਪਰੰਤ ਅਟੈਚ ਕਰਵਾਇਆ ਜਾਏਗਾ। ਫਰੀਦਕੋਟ ਪੁਲਿਸ ਵੱਲੋਂ ਯੁੱਧ ਨਸ਼ਿਆ ਵਿਰੁੱਧ ਤਹਿਤ ਕਾਰਵਾਈ ਕਰਦੇ ਹੋਏ ਮਾਰਚ-2025 ਤੋ ਹੁਣ ਤੱਕ 954 ਮੁਕੱਦਮੇ ਦਰਜ ਕਰਕੇ 1461 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਸ ਦੌਰਾਨ 31 ਕਿਲੋ ਤੋ ਵੱਧ ਹੈਰੋਇਨ, 07 ਕਿਲੋ ਅਫੀਮ, 20 ਕੁਇੰਟਲ ਦੇ ਕਰੀਬ ਪੋਸਤ, 21 ਹਜਾਰ ਨਸ਼ੀਲੀਆਂ ਗੋਲੀਆ/ਕੈਪਸੂਲ ਅਤੇ 15 ਲੱਖ ਦੇ ਕਰੀਬ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸਦੇ ਨਾਲ ਹੀ ਹੁਣ ਤੱਕ ਨਸ਼ਾ ਤਸਕਰਾ ਦੀ ਕਰੀਬ 9 ਕਰੋੜ ਤੋ ਜਿਆਦਾ ਕੀਮਤ ਦੀ ਜਾਇਦਾਤ ਪਿਛਲੇ ਕਰੀਬ 18 ਮਹੀਨਿਆ ਅੰਦਰ ਹੀ ਫਰੀਜ ਕਰਵਾਈ ਗਈ ਹੈ। ਇਸ ਮੌਕੇ ਸਥਾਨਿਕ ਮੁਹੱਲਾ ਵਾਸੀਆਂ ਨੇ ਢੁੱਕਵੀ ਕਾਰਵਾਈ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਅਤੇ ਜ਼ਿਲਾ ਪ੍ਰਸ਼ਾਸ਼ਨ ਵੱਲੋਂ ਕੀਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਸੋਦਾਗਰਾਂ ਵਿਰੁੱਧ ਕੀਤੀ ਜਾ ਰਹੀ ਕਾਰਵਾਈ ਬਹੁਤ ਸਲਾਘਾਪੂਰਨ ਹੈ। ਜ਼ਿਲ੍ਹਾ ਪ੍ਰਸ਼ਾਸ਼ਨ ਅਤੇ ਪੁਲਿਸ ਦੇ ਅਧਿਕਾਰੀਆਂ ਨੇ ਇਸ ਮੌਕੇ ਲੋਕਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਨਸ਼ਿਆਂ ਦੇ ਖਤਮੇ ਲਈ ਪੰਜਾਬ ਸਰਕਾਰ ਪੂਰੀ ਤਰਾਂ ਉਨ੍ਹਾਂ ਦੇ ਨਾਲ ਹੈ ਅਤੇ ਨਸ਼ਿਆਂ ਦਾ ਸ਼ਿਕਾਰ ਲੋਕਾਂ ਦਾ ਇਲਾਜ ਕਰਕੇ ਉਨ੍ਹਾਂ ਦੇ ਪੁਨਰਵਾਸ ਵਿੱਚ ਪੂਰੀ ਸਹਾਇਤਾ ਕੀਤੀ ਜਾਵੇਗੀ।

## ਪੁਲਿਸ ਵੱਲੋਂ ਵੱਡੇ ਚੋਰ ਗਿਰੋਹ ਦਾ ਪਰਦਾਫਾਸ਼, ਤਿੰਨ ਔਰਤਾਂ ਸਮੇਤ ਕੁੱਲ 6 ਦੋਸ਼ੀ ਕਾਬੂ

ਵਰਲਡ ਪੰਜਾਬੀ ਟਾਈਮਜ਼ ਟਿੱਕੂ ਕੁਮਾਰ





ਕੋਟਕਪੂਰਾ, 22 ਫਰਵਰੀ : ਗੌਰਵ ਯਾਦਵ ਡੀ.ਜੀ.ਪੀ. ਪੰਜਾਬ ਦੇ ਨਿਰਦੇਸ਼ਾਂ ਤਹਿਤ ਮਾੜੇ ਅਨਸਰਾ ਖਿਲਾਫ ਜੀਰੋ ਟਾਲਰੈਸ ਨੀਤੀ ਤਹਿਤ ਕਾਰਵਾਈ ਕਰਦੇ ਹੋਏ ਫਰੀਦਕੋਟ ਪੁਲਿਸ ਵੱਲੋਂ ਨਿਲਾਂਬਰੀ ਜਗਦਲੇ ਆਈ.ਜੀ. ਫਰੀਦੋਕਟ ਰੇਂਜ ਦੀ ਰਹਿਨੁਮਾਈ ਹੇਠ ਇੱਕ ਵੱਡੀ ਕਾਮਯਾਬੀ ਹਾਸਿਲ ਕਰਦਿਆ ਚੋਰੀ ਦੀਆ ਵਾਰਦਾਤਾ ਨੂੰ ਅੰਜਾਮ ਦੇਣ ਵਾਲੇ ਇੱਕ ਵੱਡੇ ਅੰਤਰ-ਜਿਲ੍ਹਾ ਸ਼ਾਤਿਰ ਚੋਰ ਗਿਰੋਹ ਦਾ ਪਰਦਾਫਾਸ਼ ਕੀਤਾ ਹੈ ਅਤੇ ਉਹਨਾ ਦੇ ਕਬਜੇ ਵਿੱਚੋ ਚੋਰੀ ਕੀਤੀ ਨਕਦੀ ਅਤੇ ਅਸਲਾ ਵੀ ਬਰਾਮਦ ਕੀਤਾ ਗਿਆ ਹੈ। ਇਹ ਜਾਣਕਾਰੀ ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਵੱਲੋਂ ਸ਼ਨੀਵਾਰ ਨੂੰ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ। ਗ੍ਰਿਫਤਾਰ ਕੀਤੇ ਦੋਸ਼ੀਆ ਦੀ ਪਹਿਚਾਣ ਮੰਗਲ ਸਿੰਘ ਉਰਫ ਅਕਾਸ਼ (ਵਾਸੀ ਫਿਰੋਜਪੁਰ), ਨਿਰਮਲਾ ਦੇਵੀ (ਵਾਸੀ ਫਿਰੋਜਪੁਰ), ਰੀਟਾ ਰਾਣੀ (ਵਾਸੀ ਫਾਜਿਲਕਾ), ਪੱਪੂ ਸਿੰਘ ਉਰਫ ਤੋਤੀ (ਵਾਸੀ ਫਾਜਿਲਕਾ), ਸੀਤਾ ਰਾਣੀ (ਜਿਲਾ ਫਿਰੋਜਪੁਰ) ਅਤੇ ਵੀਰ ਸਿੰਘ ਉਰਫ ਵੀਰੂ (ਵਾਸੀ ਫਿਰੋਜਪੁਰ) ਵਜੋ ਹੋਈ ਹੈ। ਪੁਲਿਸ ਪਾਰਟੀ ਵੱਲੋ ਦੋਸ਼ੀਆ ਪਾਸੋ ਚੋਰੀ ਕੀਤੇ 02 ਲੱਖ 20 ਹਜਾਰ ਰੁਪਏ ਅਤੇ ਚੋਰੀ ਕੀਤਾ .32 ਬੋਰ ਰਿਵਾਲਵਰ ਵੀ ਬਰਾਮਦ ਕੀਤਾ ਗਿਆ ਹੈ। ਜਾਣਕਾਰੀ ਮੁਤਾਬਿਕ ਮਿਤੀ 07 ਫਰਵਰੀ ਨੂੰ ਜੈਤੋ ਵਿਖੇ ਮੌਜੂਦ ਤੇਲ ਦੀ ਫੈਕਟਰੀ ਵਿੱਚੋ 15 ਲੱਖ 50 ਹਜਾਰ ਰੁਪਏ ਨਕਦ ਅਤੇ ਇੱਕ ਰਿਵਾਲਵਰ .32 ਬੋਰ ਤੇ ਕੁੱਝ ਜਰੂਰੀ ਦਸਤਾਵੇਜ ਚੋਰੀ ਹੋਣ ਘਟਨਾ ਬਾਰੇ ਜਾਣਕਾਰੀ ਹਾਸਿਲ ਹੋਈ ਸੀ। ਜਿਸ ਸਬੰਧੀ ਥਾਣਾ ਜੈਤੋ ਵਿਖੇ ਮੁਕੱਦਮਾ ਨੰਬਰ 29 ਮਿਤੀ 07.02.2026 ਅ/ਧ 331(4), 305 ਬੀ.ਐਨ.ਐਸ. ਦਰਜ ਰਜਿਸਟਰ ਕਰਕੇ ਕਾਰਵਾਈ ਸ਼ੁਰੂ ਕੀਤੀ ਗਈ। ਜਿਸ ਦੌਰਾਨ ਜੋਗੇਸ਼ਵਰ ਸਿੰਘ ਗੋਰਾਇਆ ਐਸ.ਪੀ. (ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਅਤੇ ਇਕਬਾਲ ਸਿੰਘ ਡੀ.ਐਸ.ਪੀ ਜੈਤੋ ਅਤੇ ਅਵਤਾਰ ਸਿੰਘ ਡੀ.ਐਸ.ਪੀ. (ਇੰਨਵਸੈਟੀਗੇਸ਼ਨ) ਫਰੀਦਕੋਟ ਦੀ ਨਿਗਰਾਨੀ ਹੇਠ ਥਾਣਾ ਜੈਤੋ ਅਤੇ ਸੀ.ਆਈ.ਏ ਸਟਾਫ ਦੀਆ ਵਿਸ਼ੇਸ਼ ਟੀਮਾਂ ਦਾ ਗਠਨ ਕਰਕੇ ਦੋਸ਼ੀਆ ਦਾ ਭਾਲ ਸ਼ੁਰੂ ਕੀਤੀ ਗਈ। ਜਿਸ ਦੌਰਾਨ ਟੈਕਨੀਕਲ ਇੰਨਪੁੱਟ ਅਤੇ ਹਿਊਮਨ ਇੰਟੈਲੀਜੈਸ ਦੇ ਅਧਾਰ ਤੇ ਕਾਰਵਾਈ ਕਰਦੇ ਹੋਏ ਇਸ ਵਿੱਚ ਸ਼ਾਮਿਲ ਮੰਗਲ ਸਿੰਘ ਉਰਫ ਅਕਾਸ਼ (ਵਾਸੀ ਫਿਰੋਜਪੁਰ), ਨਿਰਮਲਾ ਦੇਵੀ (ਵਾਸੀ ਫਿਰੋਜਪੁਰ), ਰੀਟਾ ਰਾਣੀ (ਵਾਸੀ ਫਾਜਿਲਕਾ) ਨੂੰ ਮਿਤੀ 20 ਫਰਵਰੀ ਨੂੰ ਗ੍ਰਿਫਤਾਰ ਕੀਤਾ ਗਿਆ। ਜਿਸ ਉਪਰੰਤ ਇਸ ਵਿੱਚ ਸ਼ਾਮਿਲ 03 ਹੋਰ ਦੋਸ਼ੀਆ ਪੱਪੂ ਸਿੰਘ ਉਰਫ ਤੋਤੀ (ਵਾਸੀ ਫਾਜਿਲਕਾ), ਸੀਤਾ ਰਾਣੀ (ਜਿਲਾ ਫਿਰੋਜਪੁਰ) ਅਤੇ ਵੀਰ ਸਿੰਘ ਉਰਫ ਵੀਰੂ (ਵਾਸੀ ਫਿਰੋਜਪੁਰ) ਨੂੰ ਵੀ ਮਿਤੀ 21 ਫਰਵਰੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਦੌਰਾਨ ਦੋਸ਼ੀਆ ਪਾਸੋ ਜੈਤੋ ਦੀ ਫੈਕਟਰੀ ਵਿੱਚੋ ਚੋਰੀ ਕੀਤੇ 02 ਲੱਖ 20 ਹਜਾਰ ਰੁਪਏ ਅਤੇ ਚੋਰੀ ਕੀਤਾ 32 ਬੋਰ ਰਿਵਾਲਵਰ ਵੀ ਬਰਾਮਦ ਕੀਤਾ ਗਿਆ। ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਨੇ ਦੱਸਿਆ ਕਿ ਸੁਰੂਆਤੀ ਜਾਚ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਇਹ ਇੱਕ ਸ਼ਾਤਿਰ ਚੋਰ ਗਿਰੋਹ ਸੀ, ਜੋ ਕਿ ਪੰਜਾਬ ਦੇ ਵੱਖ-ਵੱਖ ਜਿਲਿਆ ਅੰਦਰ ਚੋਰੀ ਦੀਆ ਵਾਰਦਾਤਾ ਨੂੰ ਅੰਜਾਮ ਦਿੰਦਾ ਸੀ, ਇਹ ਵਿੱਚ ਸ਼ਾਮਿਲ ਮਹਿਲਾਵਾ ਵੱਲੋ ਦਿਨ ਸਮੇ ਫੈਕਟਰੀਆ, ਦੁਕਾਨਾ ਅਤੇ ਘਰਾ ਦੀ ਜਾਸੂਸੀ ਕੀਤੀ ਜਾਦੀ ਸੀ, ਜਿਸ ਉਪਰੰਤ ਰਾਤ ਸਮੇ ਦੋਸ਼ੀਆ ਵੱਲ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਜਾਦਾ ਸੀ। ਉਹਨਾ ਦੱਸਿਆ ਕਿ ਇਸ ਮਾਮਲੇ ਦੀ ਰੋਚਿਕ ਗੱਲ ਇਹ ਸੀ ਕਿ ਇਸ ਗਿਰੋਹ ਇੰਨਾ ਸ਼ਾਤਿਰ ਸੀ ਕਿ ਇਹਨਾ ਵੱਲੋ ਤਫਤੀਸ਼ ਨੂੰ ਗੁੰਮਰਾਹ ਕਰਨ ਲਈ ਚੋਰੀ ਦੌਰਾਨ ਕੈਮਰਿਆ ਵਿੱਚ ਜਾਣ ਬੁੱਝ ਕੇ ਆਪਣੇ ਮੋਬਾਇਲ ਫੋਨਾ ਦੀ ਵਰਤੋ ਕਰਨ ਦਾ ਦਿਖਾਵਾ ਕੀਤਾ ਗਿਆ, ਜੋ ਕਿ ਅਸਲ ਵਿੱਚ ਏਅਰਪਲੇਨ ਮੋਡ ਪਰ ਰੱਖੇ ਹੋਏ ਸਨ। ਇਸਤੋ ਇਲਾਵਾ ਦੋਸ਼ੀਆ ਵੱਲੋ ਖੱਬੀ ਲੱਤ ਵਿੱਚ ਸਰੀਰਕ ਤੌਰ ਤੇ ਅਪਾਹਜ ਬਣ ਕੇ ਜਾਚ ਨੂੰ ਭਟਕਾਉਣ ਦੀ ਦੀ ਕੋਸ਼ਿਸ਼ ਕੀਤੀ ਗਈ। ਉਹਨਾ ਦੱਸਿਆ ਕਿ ਮੁੱਢਲੀ ਪੁੱਛਗਿੱਛ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਇਸ ਗਿਰੋਹ ਵੱਲੋ ਪਹਿਲਾ ਵੀ ਫਿਰੋਜਪੁਰ ਅਤੇ ਮੋਗਾ ਜਿਲ੍ਹੇ ਅੰਦਰ ਚੋਰੀ ਦੀਆ ਵਾਰਦਾਤਾ ਨੂੰ ਅੰਜਾਮ ਦਿੱਤਾ ਗਿਆ ਸੀ। ਇਸ ਤੋ ਇਲਾਵਾ ਜੈਤੋ ਵਿਖੇ ਚੋਰੀ ਦੀ ਵਾਰਦਾਤ ਦੌਰਾਨ ਵਰਤੀ ਗੱਡੀ ਵੀ ਇਹਨਾ ਵੱਲੋ ਫਿਰੋਜਪੁਰ ਵਿੱਚੋ ਚੋਰੀ ਕੀਤੀ ਗਈ ਸੀ। ਇਸ ਦੇ ਨਾਲ ਹੀ ਇਹਨਾ ਵੱਲੋ ਜੈਤੋ ਵਿਖੇ ਸ਼ਥਿਤ ਇੱਕ ਹੋਰ ਫੈਕਟਰੀ ਵਿੱਚ ਵੀ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਬਣਾਈ ਜਾ ਰਹੀ ਸੀ। ਜਦ ਇਹਨਾ ਦੇ ਕ੍ਰਿਮੀਨਲ ਰਿਕਾਰਡ ਦੀ ਜਾਚ ਕੀਤੀ ਗਈ ਤਾ ਇਹ ਸਾਹਮਣੇ ਆਇਆ ਕਿ ਇਸ ਗਿਰੋਹ ਵਿੱਚ ਸ਼ਾਮਿਲ ਮੰਗਲ ਸਿੰਘ ਉਰਫ ਅਕਾਸ਼ ਦੇ ਖਿਲਾਫ ਪਹਿਲਾ ਵੀ 02 ਮਾਮਲੇ ਦਰਜ ਰਜਿਸਟਰ ਹਨ।


1 ਮੁਕੱਦਮਾ ਨੰਬਰ 240 ਮਿਤੀ 01.09.2023 ਅ/ਧ 21ਬੀ/29/61/85 ਐਨ ਡੀ ਪੀ ਐਸ ਐਕਟ ਥਾਣਾ ਸਿਵਲ ਲਾਈਨ ਬਠਿੰਡਾ

2 ਮੁਕੱਦਮਾ ਨੰਬਰ 215 ਮਿਤੀ 04.12.2023 ਅ/ਧ 21/29/61/85 ਐਨ ਡੀ ਪੀ ਐਸ ਐਕਟ ਥਾਣਾ ਸਿਟੀ ਜਲਾਲਬਾਦ ਜਿਲਾ ਫਾਜਿਲਕਾ।

ਐਸ.ਐਸ.ਪੀ ਫਰੀਦਕੋਟ ਨੇ ਦੱਸਿਆ ਕਿ ਫਰੀਦਕੋਟ ਪੁਲਿਸ ਦੀਆ ਟੀਮਾਂ ਵੱਲੋ ਦੋਸ਼ੀਆ ਨੂੰ ਟਰੇਸ ਕਰਨ ਲਈ ਸਖਤ ਮਿਹਨਤ ਦਾ ਸਬੂਤ ਦਿੰਦੇ ਹੋਏ ਲਗਭਗ 120 ਕਿਲੋਮੀਟਰ ਚੱਲ ਕੇ ਵੱਖ ਵੱਖ ਰਸਤਿਆ ਵਿੱਚੋ ਦੀ ਹੁੰਦੇ ਹੋਏ ਵੱਖ ਵੱਖ ਥਾਵਾ ਅਤੇ ਸੀ ਸੀ ਟੀ ਵੀ ਕੈਮਰਿਆ ਦੀ ਜਾਚ ਕੀਤੀ ਗਈ। ਜਿਸ ਦੌਰਾਨ ਜੈਤੋ ਅੰਦਰ ਨਿਊ ਪੋਜੈਕਟ ਰਾਹੀ ਸੀ.ਸੀ.ਟੀ.ਵੀ. ਕੈਮਰਿਆ ਦੀ ਮਦਦ ਨਾਲ ਚੋਰੀ ਦੌਰਾਨ ਵਰਤੀ ਗਈ ਗੱਡੀ ਦਾ ਨੰਬਰ ਟਰੇਸ ਕਰਨ ਵਿੱਚ ਮਦਦ ਮਿਲੀ। ਐਸ.ਐਸ.ਪੀ ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਇਸ ਗਿਰੋਹ ਵਿੱਚ ਸ਼ਾਮਿਲ ਹੋਰ ਦੋਸ਼ੀਆ ਨੂੰ ਗ੍ਰਿਫਤਾਰ ਕਰਨ ਲਈ ਲਗਾਤਾਰ ਕਾਰਵਾਈਆ ਜਾਰੀ ਹਨ ਅਤੇ ਉਹਨਾ ਵੀ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ। ਇਸ ਤੋ ਇਲਾਵਾ ਗ੍ਰਿਫਤਾਰ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਿਲ ਕੀਤਾ ਜਾ ਰਿਹਾ ਹੈ। ਰਿਮਾਡ ਹਾਸਿਲ ਕਰਨ ਉਪਰੰਤ ਦੋਸ਼ੀਆਂ ਪਾਸੋ ਹੋਰ ਪੁੱਛਗਿੱਛ ਕੀਤੀ ਜਾਵੇਗੀ। ਜਿਸ ਦੌਰਾਨ ਇਹਨਾਂ ਤੋ ਹੋਰ ਵੀ ਵਾਰਦਾਤਾ ਟਰੇਸ ਹੋਣ ਦੀ ਉਮੀਦ ਹੈ। ਫਰੀਦਕੋਟ ਪੁਲਿਸ ਵੱਲੋਂ ਮਾੜੇ ਅਨਸਰਾਂ ਖਿਲਾਫ ਲਗਾਤਾਰ ਕਾਰਵਾਈ ਕਰਦੇ ਹੋਏ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਦ੍ਰਿੜਤਾ ਨਾਲ ਨਿਭਾਈ ਜਾ ਰਹੀ ਹੈ। ਜਿਲ੍ਹੇ ਦੇ ਨਾਗਰਿਕਾਂ ਦੀ ਸੁਰੱਖਿਆ ਸਭ ਤੋਂ ਵੱਡੀ ਪ੍ਰਾਥਮਿਕਤਾ ਹੈ ਅਤੇ ਇਸ ਉਦੇਸ਼ ਲਈ ਫਰੀਦਕੋਟ ਪੁਲਿਸ ਲਗਾਤਾਰ ਮਾੜੇ ਅਨਸਰਾਂ ਖ਼ਿਲਾਫ ਸਖਤ ਕਦਮ ਚੁੱਕਦੀ ਰਹੇਗੀ।

## ਆਕਸਫ਼ੋਰਡ ਸਕੂਲ ਦੇ ਵਿਦਿਆਰਥੀਆਂ ਨੇ 'ਸਾਇੰਸ ਪ੍ਰਦਰਸ਼ਨੀ' ਵਿੱਚ ਜਿੱਤਿਆ 5000 ਰੁ: ਦਾ ਨਗਦ ਇਨਾਮ

ਵਰਲਡ ਪੰਜਾਬੀ ਟਾਈਮਜ਼ ਟਿੱਕੂ ਕੁਮਾਰ



ਕੋਟਕਪੂਰਾ, 22 ਫਰਵਰੀ : 'ਦ ਆਕਸਫ਼ਰਡ ਸਕੂਲ ਆਫ਼ ਐਜੂਕੇਸ਼ਨ, ਭਗਤਾ ਭਾਈਕਾ' ਇਲਾਕੇ ਦੀ ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ, ਜੋ ਹਰ ਖੇਤਰ ਵਿੱਚ ਲੰਮੀਆਂ ਪੁਲਾਘਾਂ ਪੁੱਟਦੀ ਹੋਈ ਅੱਗੇ ਵੱਧ ਰਹੀ ਹੈ। ਇਸ ਸੰਸਥਾ ਦੇ ਵਿਦਿਆਰਥੀ ਸਿਰਫ਼ ਵਿੱਦਿਅਕ ਖੇਤਰ ਵਿੱਚ ਹੀ ਅੱਗੇ ਨਹੀਂ ਸਗੋਂ ਹਰ ਮੁਕਾਬਲੇ, ਹਰ ਐਕਟੀਵਿਟੀ ਦਾ ਹਿੱਸਾ ਵੀ ਬਣਦੇ ਹਨ ਅਤੇ ਪ੍ਰਾਪਤੀਆਂ ਕਰਦੇ ਹਨ। ਪਿਛਲੇ ਦਿਨੀਂ 'ਚੰਡੀਗੜ੍ਹ ਯੂਨੀਵਰਸਿਟੀ ਅਤੇ ਡਿਪਾਰਟਮੈਂਟ ਆਫ਼ ਸਾਇੰਸ ਐਂਡ ਤਕਨਾਲੌਜੀ ਵੱਲੋਂ ਇੱਕ ਸਾਂਝੀ ਸਾਇੰਸ ਪ੍ਰਦਰਸ਼ਨੀ ਕਰਵਾਈ ਗਈ। ਇਸ ਵਿੱਚ 19 ਸਕੂਲਾਂ ਦੇ ਲੱਗਭੱਗ 700 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਪ੍ਰਦਰਸ਼ਨੀ ਵਿੱਚ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਵਧੀਆ ਪ੍ਰੋਜੈਕਟ ਪੇਸ਼ ਕੀਤੇ ਗਏ। ਆਕਸਫ਼ੋਰਡ ਸੰਸਥਾ ਦੇ ਵਿਦਿਆਰਥੀਆਂ ਨੇ ਵੀ "ਪਿਉਰ ਵਾਟਰ ਸਿੰਕ ਟੇਕ', 'ਸਕਿੱਲ ਡਿਸ', 'ਥਿਫਹਟ ਸਕਿਊਰਟੀ ਸਿਸਟਮ' ਅਤੇ ਏ. ਆਈ ਅਧਾਰਿਤ ਫਰੂਟ ਹਾਊਸ ਪ੍ਰੋਜੈਕਟ ਬਣਾ ਕੇ ਪ੍ਰਦਰਸ਼ਿਤ ਕੀਤੇ ਗਏ। ਇਹ ਬੜੇ ਮਾਣ ਵਾਲੀ ਗੱਲ ਹੈ ਕਿ 11ਵੀਂ ਜਮਾਤ ਦੇ ਵਿਦਿਆਰਥੀ ਪ੍ਰਿਆਂਸ਼ ਬਾਂਸਲ, ਨਵਜਨਮਿਤ, ਸਮਦਿਸ਼ਾ, ਜਸਨੂਰ ਕੌਰ, ਏਕਮਪ੍ਰੀਤ ਕੌਰ, ਮਹਿਕਦੀਪ ਕੌਰ, ਧੀਰਵੀ ਅਤੇ ਨੌਂਵੀਂ ਜਮਾਤ ਦੀ ਵਿਦਿਆਰਥੀ ਹਰਕੀਰਤ ਵੱਲੋਂ ਬਣਾਏ ਗਏ ਇਨ੍ਹਾਂ ਪ੍ਰੋਜੈਕਟਾਂ ਕਾਰਨ ਆਕਸਫ਼ੋਰਡ ਸੰਸਥਾ ਨੇ ਤੀਜੀ ਪੁਜ਼ੀਸ਼ਨ ਪ੍ਰਾਪਤ ਕਰਦਿਆਂ 5000 ਰੁਪਏ ਦਾ ਨਗਦ ਇਨਾਮ ਹਾਸਲ ਕੀਤਾ। ਸਕੂਲ ਦੇ ਪ੍ਰਧਾਨ ਗੁਰਮੀਤ ਸਿੰਘ ਗਿੱਲ ਅਤੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਇੰਨ੍ਹਾਂ ਸਾਇੰਸਦਾਨਾਂ ਦੀ ਤਾਰੀਫ਼ ਕਰਦਿਆਂ ਇਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਅਟਲ ਲੈਬ ਦੇ ਇੰਚਾਰਜ਼ ਅਧਿਆਪਕ ਇੰਜੀ: ਹਰੀਸ਼ਰਨ ਦੀ ਵੀ ਯੋਗ ਅਗਵਾਈ ਲਈ ਸ਼ਲਾਘਾ ਕੀਤੀ। ਇਨ੍ਹਾਂ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਦੌਰਾਨ ਸਨਮਾਨਿਤ ਕਰਦਿਆਂ ਬਾਂਸਲ ਨੇ ਕਿਹਾ ਕਿ ਹਰ ਵਿਦਿਆਰਥੀ ਨੂੰ ਆਪਣੇ ਅੰਦਰ ਛੁਪੀ ਬੌਧਿਕਤਾ ਅਤੇ ਕਲਾ ਨੂੰ ਉਜਾਗਰ ਕਰਨਾ ਚਾਹੀਦਾ ਹੈ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਹੋਰ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ।